ਸਾਚਾ ਸਾਹਿਬੁ ਸਾਚੁ ਨਾਇ ਭਾਖਿਆ ਭਾਉ ਅਪਾਰੁ ॥
ਆਖਹਿ ਮੰਗਹਿ ਦੇਹਿ ਦੇਹਿ ਦਾਤਿ ਕਰੇ ਦਾਤਾਰੁ ॥
ਫੇਰਿ ਕਿ ਅਗੈ ਰਖੀਐ ਜਿਤੁ ਦਿਸੈ ਦਰਬਾਰੁ ॥ ਮੁਹੌ ਕਿ
ਬੋਲਣੁ ਬੋਲੀਐ ਜਿਤੁ ਸੁਣਿ ਧਰੇ ਪਿਆਰੁ ॥ ਅੰਮ੍ਰਿਤ
ਵੇਲਾ ਸਚੁ ਨਾਉ ਵਡਿਆਈ ਵੀਚਾਰੁ ॥ ਕਰਮੀ ਆਵੈ
ਕਪੜਾ ਨਦਰੀ ਮੋਖੁ ਦੁਆਰੁ ॥ ਨਾਨਕ ਏਵੈ ਜਾਣੀਐ
ਸਭੁ ਆਪੇ ਸਚਿਆਰੁ ॥੪ ॥